**ਆਕਾਸ਼ਵਾਣੀ ਜਲੰਧਰ**

**ਪ੍ਰਦੇਸ਼ਿਕ ਖਬਰਾਂ ਪੰਜਾਬੀ**

**18:20 Pm**

**ਮਿਤੀ: 29-11-2024**

- ਸੰਸਦ ਦੇ ਦੋਵੇਂ ਸਦਨਾਂ ਦੀ ਕਾਰਵਾਈ, ਇਕ ਪ੍ਰਮੁੱਖ ਵਪਾਰਕ ਸਮੂਹ ਵਿਰੁੱਧ ਕਥਿਤ ਰਿਸ਼ਵਤਖੋਰੀ ਦੇ ਇਲਜ਼ਾਮਾਂ ਸਮੇਤ ਵੱਖ-ਵੱਖ ਮੁੱਦਿਆਂ 'ਤੇ ਵਿਰੋਧੀ ਧਿਰ ਦੇ ਹੰਗਾਮੇ ਤੋਂ ਬਾਅਦ, ਦਿਨ ਭਰ ਲਈ ਮੁਲਤਵੀ ਕਰ ਦਿੱਤੀ ਗਈ।
- ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਕਿਹਾ ਏ ਕਿ ਪਿਛਲੇ 10 ਸਾਲਾਂ 'ਚ ਅੱਤਵਾਦ, ਖੱਬੇਪੱਖੀ ਕੱਟੜਵਾਦ ਅਤੇ ਨਸ਼ੀਲੇ ਪਦਾਰਥਾਂ ਦੇ ਮਾਮਲਿਆਂ 'ਚ ਵੱਡੀ ਸਫਲਤਾ ਮਿਲੀ ਏ।
- ਪੰਜਾਬ ਵਿਚ ਨਸ਼ਿਆਂ ਦੇ ਮਾਮਲੇ ਬਣੇ ਚਿੰਤਾਜਨਕ, 10 ਤੋਂ 17 ਸਾਲ ਦੀ ਉਮਰ ਦੇ ਬੱਚੇ ਵੀ ਕਰ ਰਹੇ ਨੇ ਨੇਸ਼।
- ਪੰਜਾਬ ਦੇ ਟਰਾਂਸਪੋਰਟ ਮੰਤਰੀ ਲਾਲਜੀਤ ਸਿੰਘ ਭੁੱਲਰ ਨੇ ਸੂਬੇ ਵਿੱਚ ਸੜਕ ਸੁਰੱਖਿਆ ਨੂੰ ਵਧਾਉਣ ਲਈ ਇੱਕ ਬਹੁ-ਪੱਖੀ ਰਣਨੀਤੀ ਦੀ ਰੂਪ ਰੇਖਾ ਉਲੀਕੀ ਏ।

- ਲੋਕ ਸਭਾ ਨੇ ਵਕਫ਼ ਸੋਧ ਬਿੱਲ 'ਤੇ ਸਾਂਝੀ ਸੰਸਦੀ ਕਮੇਟੀ ਦਾ ਕਾਰਜਕਾਲ, 2025 ਦੇ ਬਜਟ ਇਜਲਾਸ ਤੱਕ ਵਧਾ ਦਿੱਤਾ ਏ ।

---------------------------------------------------------------

ਸਰਦ ਰੁੱਤ ਇਜਲਾਸ ਦੇ ਅੱਜ ਲਗਾਤਾਰ ਚੌਥੇ ਦਿਨ, ਸੰਸਦ ਦੇ ਦੋਵੇਂ ਸਦਨਾਂ ਦੀ ਕਾਰਵਾਈ ਹੰਗਾਮੇ ਕਾਰਨ ਪ੍ਰਭਾਵਿਤ ਹੋਈ। ਲੋਕ ਸਭਾ ਅਤੇ ਰਾਜ ਸਭਾ ਨੂੰ ਇੱਕ ਪ੍ਰਮੁੱਖ ਵਪਾਰਕ ਸਮੂਹ ਵਿਰੁੱਧ ਕਥਿਤ ਰਿਸ਼ਵਤਖੋਰੀ ਦੇ ਇਲਜ਼ਾਮਾਂ ਸਮੇਤ, ਵੱਖ-ਵੱਖ ਮੁੱਦਿਆਂ 'ਤੇ ਵਿਰੋਧੀ ਧਿਰ ਦੇ ਹੰਗਾਮੇ ਤੋਂ ਬਾਅਦ, ਦਿਨ ਭਰ ਲਈ ਮੁਲਤਵੀ ਕਰ ਦਿੱਤਾ ਗਿਆ । ਰਾਜ ਸਭਾ ਵਿੱਚ ਅੱਜ ਸਵੇਰੇ ਜਦੋਂ ਸਦਨ ਕਾਰਵਾਈ ਸ਼ੁਰੂ ਹੋਈ ਤਾਂ ਸਭਾਪਤੀ ਜਗਦੀਪ ਧਨਖੜ ਨੇ ਇੱਕ ਪ੍ਰਮੁੱਖ ਕਾਰੋਬਾਰੀ ਸਮੂਹ ਖ਼ਿਲਾਫ਼ ਕਥਿਤ ਰਿਸ਼ਵਤਖੋਰੀ ਦੇ ਇਲਜ਼ਾਮਾਂ ਅਤੇ ਹੋਰ ਮੁੱਦਿਆਂ ’ਤੇ ਚਰਚਾ ਦੀ ਮੰਗ ਕਰਨ ਵਾਲੇ ਵਿਰੋਧੀ ਧਿਰ ਦੇ ਮੁਲਤਵੀ ਮਤੇ ਨੂੰ ਰੱਦ ਕਰ ਦਿੱਤਾ। ਸ੍ਰੀ ਧਨਖੜ ਨੇ ਕਿਹਾ ਕਿ ਸਦਨ ਦੀ ਕਾਰਵਾਈ ਵਿੱਚ ਵਿਘਨ ਪਾਉਣ ਲਈ, ਨੇਮ 267 ਨੂੰ ਹਥਿਆਰ ਵਜੋਂ ਵਰਤਿਆ ਜਾ ਰਿਹਾ ਏ। ਹੰਗਾਮੇ ਦੌਰਾਨ ਸਭਾਪਤੀ ਨੇ ਸਦਨ ਦੀ ਕਾਰਵਾਈ ਦਿਨ ਭਰ ਲਈ ਮੁਲਤਵੀ ਕਰ ਦਿੱਤੀ । ਲੋਕ ਸਭਾ ਦੀ ਕਾਰਵਾਈ, ਪਹਿਲੀ ਵਾਰ ਮੁਲਤਵੀ ਹੋਣ ਤੋਂ ਬਾਅਦ ਜਦੋਂ 12 ਵਜੇ ਮੁੜ ਸ਼ੁਰੂ ਹੋਈ ਤਾਂ ਕਾਂਗਰਸ, ਡੀ.ਐਮ.ਕੇ. , ਸਮਾਜਵਾਦੀ ਪਾਰਟੀ ਅਤੇ ਹੋਰ ਵਿਰੋਧੀ

ਪਾਰਟੀਆਂ ਦੇ ਮੈਂਬਰਾਂ ਨੇ ਨਾਅਰੇਬਾਜ਼ੀ ਸ਼ੁਰੂ ਕਰ ਦਿੱਤੀ। ਸਪੀਕਰ ਓਮ ਬਿਰਲਾ ਵੱਲੋਂ ਪ੍ਰਸ਼ਨ ਕਾਲ ਨੂੰ ਸੁਚਾਰੂ ਢੰਗ ਨਾਲ ਚੱਲਣ ਦੇਣ ਦੀ ਅਪੀਲ ਦੇ ਬਾਵਜੂਦ ਹੰਗਾਮਾ ਜਾਰੀ ਰਿਹਾ । ਹੰਗਾਮੇ ਦਰਮਿਆਨ ਸਪੀਕਰ ਨੇ ਸਦਨ ਦੀ ਕਾਰਵਾਈ ਦਿਨ ਭਰ ਲਈ ਮੁਲਤਵੀ ਕਰ ਦਿੱਤੀ।

----------------------------------------------------------------------------

ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਕਿਹਾ ਏ ਕਿ ਪਿਛਲੇ 10 ਸਾਲਾਂ 'ਚ ਅੱਤਵਾਦ, ਖੱਬੇਪੱਖੀ ਕੱਟੜਵਾਦ ਅਤੇ ਨਸ਼ੀਲੇ ਪਦਾਰਥਾਂ ਦੇ ਮਾਮਲਿਆਂ 'ਚ ਵੱਡੀ ਸਫਲਤਾ ਮਿਲੀ ਏ । ਕੱਲ੍ਹ ਮਸੂਰੀ ਵਿੱਚ ਲਾਲ ਬਹਾਦਰ ਸ਼ਾਸਤਰੀ ਰਾਸ਼ਟਰੀ ਪ੍ਰਸ਼ਾਸਨ ਅਕਾਦਮੀ ਦੇ ਸਮਾਪਤੀ ਸਮਾਗਮ ਵਿੱਚ ਬੋਲਦਿਆਂ ਉਨ੍ਹਾਂ ਕਿਹਾ ਕਿ ਕੇਂਦਰ ਦੀ ਨਰੇਂਦਰ ਮੋਦੀ ਸਰਕਾਰ ਦੀਆਂ ਸਖ਼ਤ ਨੀਤੀਆਂ ਦੇ ਸਾਰਥਕ ਨਤੀਜੇ ਸਾਹਮਣੇ ਆਏ ਨੇ । ਸ਼੍ਰੀ ਅਮਿਤ ਸ਼ਾਹ ਨੇ ਕਿਹਾ ਕਿ ਮਾਰਚ 2026 ਤੱਕ, ਖੱਬੇ ਪੱਖੀ ਅੱਤਵਾਦ ਨੂੰ ਪੂਰੀ ਤਰ੍ਹਾਂ ਖ਼ਤਮ ਕਰ ਦਿੱਤਾ ਜਾਵੇਗਾ ।ਉਨ੍ਹਾਂ ਕਿਹਾ ਕਿ ਦੇਸ਼ ਦੇ ਸਾਹਮਣੇ ਚਾਰ ਵੱਡੀਆਂ ਚੁਣੌਤੀਆਂ ਨੇ । ਇਨ੍ਹਾਂ 'ਚ ਜੰਮੂ-ਕਸ਼ਮੀਰ 'ਚ ਅੱਤਵਾਦ, ਖੱਬੇਪੱਖੀ ਅੱਤਵਾਦ, ਉੱਤਰ-ਪੂਰਬ 'ਚ ਘੁਸਪੈਠ ਅਤੇ ਨਸ਼ੇ ਸ਼ਾਮਲ ਨੇ । ਗ੍ਰਹਿ ਮੰਤਰੀ ਨੇ ਕਿਹਾ ਕਿ 150 ਸਾਲ ਪੁਰਾਣੇ ਬ੍ਰਿਟਿਸ਼ ਯੁੱਗ ਦੇ ਕਾਨੂੰਨਾਂ ਦੀ

ਥਾਂ 'ਤੇ ਤਿੰਨ ਨਵੇਂ ਅਪਰਾਧਿਕ ਕਾਨੂੰਨ ਲਾਗੂ ਹੋਣ ਨਾਲ, ਦੋਸ਼ੀ ਠਹਿਰਾਉਣ ਦੀ ਦਰ 90 ਫੀਸਦੀ ਵਧਣ ਦੀ ਸੰਭਾਵਨਾ ਏ।

--------------------------------------------------------------------------------

ਪੰਜਾਬ ਵਿੱਚ ਨਾਬਾਲਗਾਂ ਦੇ ਨਸ਼ੇ ਦੇ ਮਾਮਲੇ ਚਿੰਤਾਜਨਕ ਹੁੰਦੇ ਜਾ ਰਹੇ ਨੇ। ਸਮਾਜਿਕ ਨਿਆਂ ਅਤੇ ਸਸ਼ਕਤੀਕਰਨ ਮੰਤਰਾਲੇ ਦੇ ਇੱਕ ਸਰਵੇਖਣ ਮੁਤਾਬਿਕ ਸੂਬੇ ਵਿੱਚ 10 ਤੋਂ 17 ਸਾਲ ਦੀ ਉਮਰ ਦੇ 6 ਲੱਖ 25 ਹਜ਼ਾਰ ਤੋਂ ਵੱਧ ਨਾਬਾਲਗ ਨਸ਼ੇ ਦੇ ਆਦੀ ਨੇ। ਇਸ ਤੋਂ ਇਲਾਵਾ 63 ਲੱਖ 60 ਹਜ਼ਾਰ ਤੋਂ ਵੱਧ ਬਾਲਗਾਂ ਵਿੱਚ ਨਸ਼ੇ ਦੀ ਗੰਭੀਰ ਸਮੱਸਿਆ ਏ।ਮੰਤਰਾਲੇ ਨੇ ਇਹ ਸਰਵੇਖਣ, ਨੈਸ਼ਨਲ ਡਰੱਗ ਡਿਪੈਂਡੈਂਸ ਐਂਡ ਟ੍ਰੀਟਮੈਂਟ ਸੈਂਟਰ ਅਤੇ ਏਮਜ਼ ਦੇ ਸਹਿਯੋਗ ਨਾਲ ਕਰਵਾਇਆ ਏ। ਇੱਕ ਰੀਪੋਰਟ ;

--------------------------------------------------------------------------------

ਪੰਜਾਬ ਸਰਕਾਰ ਵੱਲੋਂ ਸੂਬੇ ਵਿਚ ਬਾਗਬਾਨੀ ਨੂੰ ਉਤਸ਼ਾਹ ਕਰਨ ਲਈ ਬਾਗਬਾਨੀ ਖੇਤਰ ਵਿੱਚ ਵੱਖ-ਵੱਖ ਸਬਸਿਡੀ ਦੀਆਂ ਸਕੀਮਾਂ ਚਲਾਈਆ ਜਾ ਰਹੀਆਂ ਨੇ ।ਇਸ ਸਬੰਧੀ ਐਸ.ਏ.ਐਸ ਨਗਰ ਦੇ ਡਿਪਟੀ ਡਾਇਰੈਕਟਰ ਬਾਗਬਾਨੀ , ਡਾ. ਨਰਿੰਦਰਬੀਰ ਸਿੰਘ ਮਾਨ ਨੇ ਦੱਸਿਆ ਕਣਕ-ਝੋਨੇ ਦੇ ਫਸਲੀ ਚੱਕਰ ਵਿੱਚੋਂ ਬਾਹਰ ਨਿਕਲ ਕੇ ਸਾਨੂੰ ਖੇਤੀ ਵਿਭਿੰਨਤਾ ਅਪਣਾਉਂਦੇ ਹੋਏ ਦੂਜੀਆਂ ਮੁਨਾਫੇਦਾਰ ਫਸਲਾਂ ਵੱਲ ਧਿਆਨ ਦੇਣ ਦੀ ਲੋੜ ਏ ਤਾਂ ਜੋ ਧਰਤੀ ਹੇਠਲੇ ਪਾਣੀ ਦੇ ਡਿੱਗ ਰਹੇ ਪੱਧਰ ਅਤੇ

ਕੁਦਰਤੀ ਸੋਮਿਆਂ ਨੂੰ ਬਚਾਇਆ ਜਾ ਸਕੇ। ਉਨ੍ਹਾਂ ਦੱਸਿਆ ਕੇ ਬਾਗਬਾਨੀ ਨੂੰ ਉਤਸ਼ਾਹ ਕਰਨ ਲਈ ਅਤੇ ਤਕਨੀਕੀ ਜਾਣਕਾਰੀ ਦੇਣ ਦੇ ਨਾਲ-ਨਾਲ ਵਿਭਾਗ ਵੱਲੋਂ ਚਲਾਈਆ ਜਾ ਰਹੀਆਂ ਵੱਖ- ਵੱਖ ਸਕੀਮਾਂ ਜਿਵੇ ਨਵੇਂ ਬਾਗ ਲਗਾਉਣ, ਹਾਈਬ੍ਰਿਡ ਸਬਜ਼ੀਆਂ ਦੀ ਕਾਸ਼ਤ, ਫੁੱਲਾਂ ਦੀ ਕਾਸ਼ਤ, ਖੁੰਬ ਪੈਦਾਵਾਰ ਯੂਨਿਟ, ਵਰਮੀ ਕੰਪੋਸਟ ਯੂਨਿਟ, ਸੁਰੱਖਿਅਤ ਖੇਤੀ ਲਈ ਪੌਲੀ ਹਾਊਸ/ਨੈਟ ਹਾਊਸ, ਯੂਨਿਟ ਸਥਾਪਿਤ ਕਰਨ ਆਦਿ ਗਤੀਵਿਧੀਆਂ ਤੇ ਵਿਭਾਗ ਵੱਲੋਂ 40 ਤੋਂ 50 ਫੀਸਦ ਤੱਕ ਸਬਸਿਡੀ ਦਿੱਤੀ ਜਾਂਦੀ ਏ। ਉਹਨਾਂ ਨੇ ਕਿਸਾਨਾਂ ਨੂੰ ਅਪੀਲ ਕੀਤੀ ਕਿ ਇਹਨਾਂ ਸਕੀਮਾਂ ਦਾ ਵੱਧ ਤੋਂ ਵੱਧ ਲਾਭ ਲਿਆ ਜਾਵੇ

--------------------------------------------------------------------------------

ਲੁਧਿਆਣਾ ਤੋਂ ਰਾਜ ਸਭਾ ਮੈਂਬਰ ਸੰਜੀਵ ਅਰੋੜਾ ਨੇ ਕੱਲ੍ਹ ਨਵੀਂ ਦਿੱਲੀ ਵਿੱਚ ਰੱਖਿਆ ਮੰਤਰੀ ਰਾਜਨਾਥ ਸਿੰਘ ਨਾਲ ਮੁਲਾਕਾਤ ਕੀਤੀ ਅਤੇ ਭਾਰਤੀ ਹਵਾਈ ਸੈਨਾ (ਆਈ.ਏ.ਐਫ.) ਵੱਲੋਂ ਹਲਵਾਰਾ ਹਵਾਈ ਅੱਡੇ ਦੇ ਕੰਮ ਵਿੱਚ ਤੇਜ਼ੀ ਲਿਆਉਣ ਦੀ ਬੇਨਤੀ ਕੀਤੀ। ਅੱਜ ਉਨ੍ਹਾਂ ਦੱਸਿਆ ਕਿ ਉਨ੍ਹਾਂ ਨੇ ਮੀਟਿੰਗ ਦੌਰਾਨ ਰੱਖਿਆ ਮੰਤਰੀ ਨੂੰ ਹਲਵਾਰਾ ਹਵਾਈ ਅੱਡੇ, ਜਿਸ ਨੂੰ ਭਾਰਤੀ ਹਵਾਈ ਸੈਨਾ (ਆਈ.ਏ.ਐੱਫ.) ਵੱਲੋਂ ਸੰਚਾਲਿਤ ਕੀਤਾ ਜਾਂਦਾ ਏ, ਦੀ ਹਵਾਈ ਪੱਟੀ ਦੇ ਚੱਲ ਰਹੇ ਕੰਮ ਬਾਰੇ ਜਾਣੂ

ਕਰਵਾਇਆ । ਉਨ੍ਹਾਂ ਕਿਹਾ ਕਿ ਇਹ ਪ੍ਰਾਜੈਕਟ ਹਵਾਈ ਅੱਡੇ ਦੀ ਸੰਚਾਲਨ ਸਮਰੱਥਾ ਨੂੰ ਵਧਾਉਣ ਅਤੇ ਸ਼ਹਿਰੀ ਹਵਾਬਾਜ਼ੀ ਦੀਆਂ ਗਤੀਵਿਧੀਆਂ ਨੂੰ ਸੁਚਾਰੂ ਬਣਾਉਣ ਲਈ ਮਹੱਤਵਪੂਰਨ ਏ । ਉਨ੍ਹਾਂ ਨੇ ਰੱਖਿਆ ਮੰਤਰੀ ਨੂੰ ਦੱਸਿਆ ਕਿ ਉਹ ਇਸ ਪ੍ਰੋਜੈਕਟ ਦੀ ਪ੍ਰਗਤੀ 'ਤੇ ਨੇੜਿਓਂ ਨਜ਼ਰ ਰੱਖ ਰਹੇ ਨੇ ਅਤੇ ਲੁਧਿਆਣਾ ਦੇ ਡਿਪਟੀ ਕਮਿਸ਼ਨਰ, ਲੁਧਿਆਣਾ ਦੇ ਏਅਰਪੋਰਟ ਡਾਇਰੈਕਟਰ, ਭਾਰਤ ਇਲੈਕਟ੍ਰੋਨਿਕਸ ਲਿਮਟਿਡ (ਬੀ.ਈ.ਐਲ.) ਦੇ ਨੁਮਾਇੰਦਿਆਂ, ਭਾਰਤੀ ਹਵਾਈ ਸੈਨਾ ਦੇ ਅਧਿਕਾਰੀਆਂ, ਪੰਜਾਬ ਪਬਲਿਕ ਵਰਕਸ ਡਿਪਾਰਟਮੈਂਟ (ਪੀ.ਡਬਲਿਊ.ਡੀ) ਅਤੇ ਹੋਰ ਸਬੰਧਤ ਏਜੰਸੀਆਂ ਨਾਲ ਨਿਯਮਤ ਤੌਰ 'ਤੇ ਸਾਈਟ ਦਾ ਦੌਰਾ ਅਤੇ ਮੀਟਿੰਗਾਂ ਕਰ ਰਹੇ ਨੇ । ਉਨ੍ਹਾਂ ਕਿਹਾ, "ਸਾਡੇ ਸਮੂਹਿਕ ਯਤਨਾਂ ਦੇ ਬਾਵਜੂਦ, ਭਾਰਤੀ ਹਵਾਈ ਸੈਨਾ ਦੀ ਤਰਫੋਂ ਕੁਝ ਕੰਮ, ਪ੍ਰਵਾਨਗੀਆਂ ਅਤੇ ਰਸਮੀ ਕਾਰਵਾਈਆਂ ਲੰਬਿਤ ਨੇ, ਜਿਸ ਕਾਰਨ ਪ੍ਰੋਜੈਕਟ ਨੂੰ ਪੂਰਾ ਕਰਨ ਵਿੱਚ ਦੇਰੀ ਹੋ ਰਹੀ ਏ ।" ਹਵਾਈ ਅੱਡੇ ਦੇ ਸਿਵਲ ਹਿੱਸੇ ਦਾ 100 ਫੀਸਦੀ ਕੰਮ ਮੁਕੰਮਲ ਹੋ ਚੁੱਕਾ ਏ । ਹਲਵਾਰਾ ਹਵਾਈ ਅੱਡਾ ਭਾਰਤੀ ਹਵਾਈ ਸੈਨਾ ਵੱਲੋਂ ਲੰਬਿਤ ਕੰਮ ਪੂਰਾ ਹੋਣ ਤੋਂ ਬਾਅਦ ਕੰਮ ਕਰਨਾ ਸ਼ੁਰੂ ਕਰ ਦੇਵੇਗਾ । ਸ਼੍ਰੀ ਅਰੋੜਾ ਨੇ ਰੱਖਿਆ ਮੰਤਰੀ ਨੂੰ ਬੇਨਤੀ ਕੀਤੀ ਕਿ ਉਹ ਭਾਰਤੀ ਹਵਾਈ ਸੈਨਾ ਦੇ ਸਬੰਧਤ ਅਧਿਕਾਰੀਆਂ ਨੂੰ ਲੁੜੀਂਦੀਆਂ ਪ੍ਰਵਾਨਗੀਆਂ ਅਤੇ ਰਸਮਾਂ ਨੂੰ

ਜਲਦੀ ਪੂਰਾ ਕਰਨ ਲਈ ਨਿਰਦੇਸ਼ ਦੇਣ। ਉਨ੍ਹਾਂ ਦੱਸਿਆ ਕਿ ਰੱਖਿਆ ਮੰਤਰੀ ਨੇ ਤੁਰੰਤ ਕਾਰਵਾਈ ਦਾ ਭਰੋਸਾ ਦਿੱਤਾ ਏ ਅਤੇ ਸਬੰਧਤ ਅਧਿਕਾਰੀਆਂ ਨੂੰ ਕੰਮ ਵਿੱਚ ਤੇਜ਼ੀ ਲਿਆਉਣ ਦੇ ਨਿਰਦੇਸ਼ ਵੀ ਦਿੱਤੇ ਨੇ।

-------------------------------------------------------------------------------

ਪੰਜਾਬ ਵਿੱਚ, ਭਿਆਨਕ ਸੜਕ ਹਾਦਸਿਆਂ ਨੂੰ ਘਟਾਉਣ ਲਈ ਇੱਕ ਮਹੱਤਵਪੂਰਨ ਕਦਮ ਵਜੋਂ, ਰਾਜ ਦੇ ਟਰਾਂਸਪੋਰਟ ਮੰਤਰੀ ਲਾਲਜੀਤ ਸਿੰਘ ਭੁੱਲਰ ਨੇ ਪੰਜਾਬ ਭਰ ਵਿੱਚ ਸੜਕ ਸੁਰੱਖਿਆ ਨੂੰ ਵਧਾਉਣ ਲਈ ਇੱਕ ਬਹੁ-ਪੱਖੀ ਰਣਨੀਤੀ ਦੀ ਰੂਪ ਰੇਖਾ ਉਲੀਕੀ ਏ ਅਤੇ ਟ੍ਰੈਫਿਕ ਉਲੰਘਣਾਵਾਂ ਦੀ ਜ਼ੀਰੋ-ਟੌਲਰੈਂਸ 'ਤੇ ਜ਼ੋਰ ਦਿੱਤਾ ਏ। ਸੜਕ ਸੁਰੱਖਿਆ ਨੂੰ ਮਜ਼ਬੂਤ ਕਰਨ ਲਈ, ਉਨ੍ਹਾਂ ਨੇ ਪਹਿਲਾਂ ਹੀ ਸਥਾਪਤ 'ਸੜਕ ਸੁਰਖੀਆ ਫੋਰਸ' (SSF) ਲਈ 55 ਕਰੋੜ ਰੁਪਏ ਜਾਰੀ ਕਰਨ ਨੂੰ ਪ੍ਰਵਾਨਗੀ ਦਿੱਤੀ ਏ। ਇਹ ਫੋਰਸ 144 ਹਾਈਵੇਅ ਪੈਟਰੋਲ ਵਾਹਨਾਂ ਨਾਲ ਲੈਸ ਹੋਵੇਗੀ। ਉਨ੍ਹਾਂ ਕਿਹਾ ਕਿ ਮੁੱਢਲੇ ਮੁਲਾਂਕਣਾਂ ਤੋਂ ਪਤਾ ਲੱਗਾ ਏ ਕਿ SSF ਦੀ ਸ਼ੁਰੂਆਤ ਤੋਂ ਲੈ ਕੇ ਹੁਣ ਤੱਕ ਸੜਕ ਦੁਰਘਟਨਾਵਾਂ ਦੀ ਮੌਤ ਦਰ ਵਿੱਚ 45.5 ਫੀਸਦ ਕਮੀ ਆਈ ਏ। ਇਸ ਫੋਰਸ ਦੀ ਸਹਾਇਤਾ ਲਈ ਇਲੈਕਟ੍ਰਾਨਿਕ ਉਪਕਰਨਾਂ ਦੀ ਖਰੀਦ ਲਈ ਵਾਧੂ 7 ਕਰੋੜ ਰੁਪਏ ਮਨਜ਼ੂਰ ਕੀਤੇ ਗਏ ਨੇ। ਪੰਜਾਬ ਰਾਜ ਸੜਕ ਸੁਰੱਖਿਆ ਕੌਂਸਲ (ਪੀ.ਐਸ.ਆਰ.ਐਸ.ਸੀ.) ਦੀ 15ਵੀਂ ਮੀਟਿੰਗ ਦੀ ਪ੍ਰਧਾਨਗੀ

ਕਰਦਿਆਂ ਸ੍ਰੀ ਭੁੱਲਰ ਨੇ ਵਿਭਾਗੀ ਕਾਰਗੁਜ਼ਾਰੀਆਂ ਦਾ ਮੁਲਾਂਕਣ ਕਰਨ ਲਈ ਸਿਹਤ ਸਮੇਤ ਸਬੰਧਤ ਵਿਭਾਗਾਂ ਦੀਆਂ ਮਹੀਨਾਵਾਰ ਸਮੀਖਿਆ ਮੀਟਿੰਗਾਂ ਲਾਜ਼ਮੀ ਕਰਨ ਦਾ ਐਲਾਨ ਕੀਤਾ ਏ।

---------------------------------------------------------------------------

ਕੈਬਨਿਟ ਮੰਤਰੀ ਤਰੁਨਪ੍ਰੀਤ ਸਿੰਘ ਸੌਂਦ ਨੇ ਅੱਜ ਪੰਜਾਬ ਖੇਤੀਬਾੜੀ ਯੂਨੀਵਰਸਿਟੀ ਲੁਧਿਆਣਾ ਵਿਖੇ ਤਿੰਨ ਰੋਜ਼ਾ ਪੰਜਾਬ ਰਾਜ ਅੰਤਰ-ਵਰਸਿਟੀ ਯੁਵਕ ਮੇਲੇ ਦਾ ਉਦਘਾਟਨ ਕੀਤਾ। ਇਸ ਮੇਲੇ ਦਾ ਆਯੋਜਨ ਪੰਜਾਬ ਸਰਕਾਰ ਦੇ ਯੁਵਕ ਸੇਵਾਵਾਂ ਵਿਭਾਗ ਵੱਲੋਂ ਕੀਤਾ ਗਿਆ ਏ। ਇਸ ਮੌਕੇ ਸੰਬੋਧਨ ਕਰਦਿਆਂ ਮੰਤਰੀ ਨੇ ਸੂਬੇ ਦੇ ਨੌਜਵਾਨਾਂ ਨੂੰ ਸਮਾਜਿਕ ਬੁਰਾਈਆਂ ਦੇ ਖਾਤਮੇ ਲਈ ਸਰਗਰਮੀ ਨਾਲ ਹਿੱਸਾ ਲੈਣ ਅਤੇ ਸਮਾਜਿਕ-ਆਰਥਿਕ ਵਿਕਾਸ ਵਿੱਚ ਯੋਗਦਾਨ ਪਾਉਣ ਦੀ ਅਪੀਲ ਕੀਤੀ। ਉਨ੍ਹਾਂ ਕਿਹਾ ਕਿ ਸੈਰ ਸਪਾਟਾ ਅਤੇ ਸੱਭਿਆਚਾਰਕ ਮਾਮਲੇ ਅਤੇ ਯੁਵਕ ਸੇਵਾਵਾਂ ਵਿਭਾਗ ਪੰਜਾਬ ਦੇ ਅਮੀਰ ਸੱਭਿਆਚਾਰ ਨੂੰ ਉੱਚਾ ਚੁੱਕਣ ਲਈ ਕੰਮ ਕਰ ਰਹੇ ਨੇ ਅਤੇ ਇਸ ਪਹਿਲਕਦਮੀ ਵਿੱਚ ਨੌਜਵਾਨਾਂ ਦੇ ਸਹਿਯੋਗ ਦੀ ਮੰਗ ਕੀਤੀ। ਇਸ ਮੇਲੇ ਦੌਰਾਨ ਪ੍ਰਮੁੱਖ ਯੂਨੀਵਰਸਿਟੀਆਂ ਦੀਆਂ ਟੀਮਾਂ 51 ਵੱਖ-ਵੱਖ ਸੱਭਿਆਚਾਰਕ ਅਤੇ ਵਿਰਾਸਤੀ ਮੁਕਾਬਲਿਆਂ ਵਿੱਚ ਭਾਗ ਲੈਣਗੀਆਂ। ਮੁਕਾਬਲੇਬਾਜ਼ ਚਾਰ ਦਿਨਾਂ ਵਿੱਚ

ਗਿੱਧਾ, ਭੰਗੜਾ, ਕਵਿਤਾ, ਗ਼ਜ਼ਲ, ਥੀਏਟਰ ਅਤੇ ਵੱਖ-ਵੱਖ ਵਿਰਾਸਤੀ ਕਲਾ ਮੁਕਾਬਲਿਆਂ ਵਿੱਚ ਆਪਣੀ ਕਲਾ ਦਾ ਪ੍ਰਦਰਸ਼ਨ ਕਰਨਗੇ।

----------------------------------------------------------------------

ਪੰਜਾਬ ਦੇ ਸਿਹਤ ਮੰਤਰੀ ਡਾ. ਬਲਬੀਰ ਸਿੰਘ ਨੇ ਕਿਹੈ ਕਿ ਦਵਾਈਆਂ ਨਾਲ ਨਹੀਂ ਸਗੋਂ ਚੰਗੀ ਖੁਰਾਕ ਨਾਲ ਸਿਹਤ ਬਣਾਈ ਜਾ ਸਕਦੀ ਏ। ਉਹ ਬਠਿੰਡਾ ਦੇ ਸਿਵਲ ਹਸਪਤਾਲ ਵਿਖੇ ਜ਼ਿਲ੍ਹੇ ਨਾਲ ਸਬੰਧਤ ਐੱਸਐੱਮਓਜ਼ ਤੇ ਜ਼ਿਲ੍ਹਾ ਪ੍ਰੋਗਰਾਮ ਅਫ਼ਸਰਾਂ ਨਾਲ ਡੇਂਗੂ ਦੇ ਪ੍ਰਕੋਪ ਨੂੰ ਰੋਕਣ ਅਤੇ ਆਮ ਲੋਕਾਂ ਨੂੰ ਮੁਹੱਈਆ ਜਾਣ ਵਾਲੀਆਂ ਸਿਹਤ ਸਹੂਲਤਾਂ ਦੇ ਮੱਦੇਨਜ਼ਰ ਕੀਤੀ ਗਈ ਮੀਟਿੰਗ ਨੂੰ ਸੰਬੋਧਨ ਕਰ ਰਹੇ ਸਨ। ਇਸ ਮੌਕੇ ਵਿਧਾਇਕ ਜਗਰੂਪ ਸਿੰਘ ਗਿੱਲ ਅਤੇ ਡਿਪਟੀ ਕਮਿਸ਼ਨਰ ਸ਼ੌਕਤ ਅਹਿਮਦ ਪਰੇ ਮੌਜੂਦ ਰਹੇ। ਸਿਹਤ ਮੰਤਰੀ ਨੇ ਸਮੂਹ ਡਾਕਟਰਾਂ ਨੂੰ ਹਦਾਇਤ ਕੀਤੀ ਕਿ ਸਥਾਨਕ ਹਸਪਤਾਲ ਵਿਖੇ ਮੈਡੀਕਲ ਵਿਦਿਆਰਥੀਆਂ ਦੀ ਸਿਖਲਾਈ ਲਗਾ ਕੇ ਉਹਨਾਂ ਦੀਆਂ ਸੇਵਾਵਾਂ ਲਈਆਂ ਜਾਣ ਤੇ ਸਰਕਾਰੀ ਸਕੂਲਾਂ ਦੇ ਵਿਦਿਆਰਥੀਆਂ ਦੇ ਟੈਸਟ ਕਰਨੇ ਲਾਜ਼ਮੀ ਬਣਾਏ ਜਾਣ। ਉਹਨਾਂ ਇਹ ਵੀ ਕਿਹਾ ਕਿ ਡੇਂਗੂ ਦੇ ਪਰਕੋਪ ਨੂੰ ਰੋਕਣ ਦੇ ਲਈ ਵਿਦਿਆਰਥੀਆਂ ਨੂੰ ਵੱਧ ਤੋਂ ਵੱਧ ਜਾਣੂ ਕਰਵਾਇਆ ਜਾਵੇ ਅਤੇ ਹਰ ਹਫਤੇ ਸ਼ੁਕਰਵਾਰ ਨੂੰ ਡਰਾਈ ਡੇ ਮਨਾਇਆ ਜਾਵੇ।

----------------------------------------------------------------------

ਲੋਕ ਸਭਾ ਨੇ ਵਕਫ਼ ਸੋਧ ਬਿੱਲ 'ਤੇ ਸਾਂਝੀ ਸੰਸਦੀ ਕਮੇਟੀ ਦਾ ਕਾਰਜਕਾਲ, 2025 ਦੇ ਬਜਟ ਇਜਲਾਸ ਤੱਕ ਵਧਾ ਦਿੱਤਾ ਏ। ਸਦਨ ਨੇ ਕਮੇਟੀ ਦੇ ਚੇਅਰਮੈਨ ਅਤੇ ਭਾਰਤੀ ਜਨਤਾ ਪਾਰਟੀ ਦੇ ਸੰਸਦ ਮੈਂਬਰ ਜਗਦੰਬਿਕਾ ਪਾਲ ਦੇ ਤਜਵੀਜ਼ ਨੂੰ ਆਵਾਜ਼ੀ ਵੋਟ ਨਾਲ ਪਾਸ ਕਰ ਦਿੱਤਾ। ਵਕਫ਼ ਸੋਧ ਬਿੱਲ-2024 ਵਿੱਚ ਕਈ ਮਹੱਤਵਪੂਰਨ ਸੁਧਾਰਾਂ ਦਾ ਤਜਵੀਜ਼ ਕੀਤੀ ਗਈ ਏ। ਇਨ੍ਹਾਂ ਵਿੱਚ ਰਿਕਾਰਡਾਂ ਦਾ ਡਿਜੀਟਾਈਜ਼ੇਸ਼ਨ, ਸਹੀ ਆਡਿਟ, ਪਾਰਦਰਸ਼ਤਾ ਵਧਾਉਣਾ ਅਤੇ ਗੈਰ-ਕਾਨੂੰਨੀ ਢੰਗ ਨਾਲ ਬਣਾਈ ਗਈ ਵਕਫ਼ ਜਾਇਦਾਦ ਨੂੰ ਵਾਪਸ ਲੈਣ ਲਈ ਕਾਨੂੰਨੀ ਵਿਧੀ ਸ਼ਾਮਲ ਏ। ਬਿੱਲ ਦਾ ਉਦੇਸ਼, ਦੇਸ਼ ਭਰ ਵਿੱਚ ਵਕਫ਼ ਸੰਪਤੀਆਂ ਦੇ ਪ੍ਰਬੰਧਨ ਵਿੱਚ ਸੁਧਾਰ ਅਤੇ ਨਿਯਮਤ ਕਰਨਾ ਏ। ਸਾਂਝੀ ਸੰਸਦੀ ਕਮੇਟੀ ਵੱਖ-ਵੱਖ ਸੂਬਿਆਂ ਦੇ ਸਰਕਾਰੀ ਅਧਿਕਾਰੀਆਂ, ਕਾਨੂੰਨੀ ਮਾਹਿਰਾਂ, ਵਕਫ਼ ਬੋਰਡ ਦੇ ਮੈਂਬਰਾਂ ਅਤੇ ਭਾਈਚਾਰੇ ਦੇ ਨੁਮਾਇੰਦਿਆਂ ਨਾਲ ਮੀਟਿੰਗਾਂ ਕਰ ਰਹੀ ਏ।

---------------------------------------------------------------------------

- ਸੰਸਦ ਦੇ ਦੋਵੇਂ ਸਦਨਾਂ ਦੀ ਕਾਰਵਾਈ, ਇਕ ਪ੍ਰਮੁੱਖ ਵਪਾਰਕ ਸਮੂਹ ਵਿਰੁੱਧ ਕਥਿਤ ਰਿਸ਼ਵਤਖੋਰੀ ਦੇ ਇਲਜ਼ਾਮਾਂ ਸਮੇਤ ਵੱਖ-

ਵੱਖ ਮੁੱਦਿਆਂ 'ਤੇ ਵਿਰੋਧੀ ਧਿਰ ਦੇ ਹੰਗਾਮੇ ਤੋਂ ਬਾਅਦ, ਦਿਨ ਭਰ ਲਈ ਮੁਲਤਵੀ ਕਰ ਦਿੱਤੀ ਗਈ।

- ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਕਿਹਾ ਏ ਕਿ ਪਿਛਲੇ 10 ਸਾਲਾਂ 'ਚ ਅੱਤਵਾਦ, ਖੱਬੇਪੱਖੀ ਕੱਟੜਵਾਦ ਅਤੇ ਨਸ਼ੀਲੇ ਪਦਾਰਥਾਂ ਦੇ ਮਾਮਲਿਆਂ 'ਚ ਵੱਡੀ ਸਫਲਤਾ ਮਿਲੀ ਏ।
- ਪੰਜਾਬ ਵਿਚ ਨਸ਼ਿਆਂ ਦੇ ਮਾਮਲੇ ਬਣੇ ਚਿੰਤਾਜਨਕ, 10 ਤੋਂ 17 ਸਾਲ ਦੀ ਉਮਰ ਦੇ ਬੱਚੇ ਵੀ ਕਰ ਰਹੇ ਨੇ ਨੇਸ਼।
- ਪੰਜਾਬ ਦੇ ਟਰਾਂਸਪੋਰਟ ਮੰਤਰੀ ਲਾਲਜੀਤ ਸਿੰਘ ਭੁੱਲਰ ਨੇ ਸੂਬੇ ਵਿੱਚ ਸੜਕ ਸੁਰੱਖਿਆ ਨੂੰ ਵਧਾਉਣ ਲਈ ਇੱਕ ਬਹੁ-ਪੱਖੀ ਰਣਨੀਤੀ ਦੀ ਰੂਪ ਰੇਖਾ ਉਲੀਕੀ ਏ।
- ਲੋਕ ਸਭਾ ਨੇ ਵਕਫ਼ ਸੋਧ ਬਿੱਲ 'ਤੇ ਸਾਂਝੀ ਸੰਸਦੀ ਕਮੇਟੀ ਦਾ ਕਾਰਜਕਾਲ, 2025 ਦੇ ਬਜਟ ਇਜਲਾਸ ਤੱਕ ਵਧਾ ਦਿੱਤਾ ਏ।